# ਪ੍ਰੈਸ ਨੋਟ

**ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਕਾਰਵਾਈ**

**ਮਲੋਟ ਦੇ ਨਸ਼ਾ ਤਕਸਰ ਦੀ 14 ਲੱਖ 23 ਹਜ਼ਾਰ 48 ਰੁਪਏ ਦੀ ਪ੍ਰਾਪਰਟੀ ਨੂੰ ਕੀਤਾ ਸੀਲ, ਲਗਾਇਆ ਨੋਟਿਸ**

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਜੀ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਵੱਖ-ਵੱਖ ਪੁਲਿਸ ਦੀਆਂ ਟੁੱਕੜੀਆਂ ਬਣਾ ਕੇ ਨਸ਼ੇ ਵੇਚਣ ਵਾਲੇ ਸੌਦਾਗਰਾ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਜੇਲ੍ਹਾ ਵਿੱਚ ਸੁੱਟਿਆ ਜਾ ਰਿਹਾ ਹੈ। ਜਿੰਨਾ ਨਸ਼ਾ ਤਸਕਰਾਂ ਖਿਲਾਫ ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ ਉਹਨਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਪ੍ਰਾਪਰਟੀ ਨੂੰ ਫਰੀਜ਼ ਕਰਵਾਉਣ ਲਈ 68-ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ।

ਇਸੇ ਤਹਿਤ ਹੀ ਸ. ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਦੀ ਨਿਗਰਾਨੀ ਹੇਠ ਇੰਸਪੈਕਟਰ ਪਰਮਜੀਤ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਮਲੋਟ ਵੱਲੋਂ ਮਲੋਟ ਦੇ ਨਸ਼ਾ ਤਸਕਰ ਦੀ ਪ੍ਰਾਪਰਟੀ ਨੂੰ ਸੀਲ ਕੀਤਾ ਗਿਆ ਹੈ।

ਇਸ ਮੌਕੇ ਸ.ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਇੰਦਰਜੀਤ ਸਿੰਘ ਪੁੱਤਰ ਰਾਜਾ ਰਾਮ ਵਾਸੀ ਗਲੀ ਨੰਬਰ 7 ਵਾਰਡ ਨੰਬਰ 16, ਬਾਬਾ ਸ੍ਰੀ ਚੰਦ ਨਗਰ ਮਲੋਟ ਜਿਸ ਦੇ ਖਿਲਾਫ ਮੁਕੱਦਮਾ ਨੰਬਰ 96 ਮਿਤੀ 28.06.2023 ਅ/ਧ 22c/27/61 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਮਲੋਟ ਵਿਖੇ ਦਰਜ ਹੈ ਜਿਸ ਵਿੱਚ ਇਸ ਪਾਸੋਂ ਕਮਰਸ਼ੀਅਲ ਮਾਤਰਾ ਦਾ ਨਸ਼ਾ ਬ੍ਰਾਮਦ ਹੋਈਆ ਸੀ। ਇੰਦਰਜੀਤ ਸਿੰਘ ਪੁੱਤਰ ਰਾਜਾ ਰਾਮ ਵਾਸੀ ਗਲੀ ਨੰਬਰ 7 ਵਾਰਡ ਨੰਬਰ 16, ਬਾਬਾ ਸ੍ਰੀ ਚੰਦ ਨਗਰ ਮਲੋਟ ਵੱਲੋਂ ਨਸ਼ਾ ਤਸਕਰੀ ਕਰਕੇ ਬਣਾਈ ਗਈ ਪ੍ਰਾਪਰਟੀ ਹੈ। ਜਿਸ ਪ੍ਰਾਪਰਟੀ ਦੀ ਕੁੱਲ ਕੀਮਤ 14 ਲੱਖ 23 ਹਜ਼ਾਰ 48 ਰੁਪਏ ਬਣਦੀ ਹੈ, ਜਿਸ ਦੀ ਅਟੈਚਮੈਂਟ ਲਈ 68 ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਭੇਜਿਆ ਸੀ।ਜਿਸ ਦੇ ਆਰਡਰ ਮੌਸੂਲ ਹੋਣ ਤੇ ਉਸਦੇ ਪ੍ਰਾਪਰਟੀ ਦੇ ਬਾਹਰ ਨੋਟਿਸ ਲਗਾਇਆ ਗਿਆ ਹੈ ਕਿ ਹੁਣ ਉਹ ਇਹ ਪ੍ਰਾਪਰਟੀ ਵੇਚ ਨਹੀ ਸਕੇਗਾ ਅਤੇ ਜਿਸਦਾ ਕੇਸ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਚੱਲੇਗਾ। ਡੀ.ਐਸ.ਪੀ ਨੇ ਦੱਸਿਆ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਨੂੰ ਕਦੇ ਵੀ ਬਖਸ਼ਿਆ ਨਹੀਂ ਜਾਵੇਗਾ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਜਾਂ ਕੋਈ ਵਿਅਕਤੀ ਨਸ਼ੇ ਦਾ ਆਦੀ ਹੈ ਤੁਸੀ ਇਸਦੀ ਜਾਣਕਾਰੀ ਸਾਡੇ ਹੈਲਪ ਲਾਈਨ ਨੰਬਰ 80549-42100 ਤੇ ਵਟਸ ਐਪ ਮੈਸੇਜ ਜਾਂ ਫੋਨ ਕਰਕੇ ਦੇ ਸਕਦੇ ਹੋ।ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।